**ਮੰਨੇ ਕੀ ਗਤਿ ਕਹੀ ਨ ਜਾਇ ॥ ਜੇ ਕੋ ਕਹੈ ਪਿਛੈ ਪਛੁਤਾਇ ॥ ਕਾਗਦਿ ਕਲਮ ਨ ਲਿਖਣਹਾਰੁ ॥ ਮੰਨੇ ਕਾ ਬਹਿ ਕਰਨਿ ਵੀਚਾਰੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੨॥**

ਪਦਅਰਥ:- ਮੰਨੇ ਕੀ-ਮੰਨਣ ਵਾਲੇ ਦੀ, ਪਤੀਜੇ ਹੋਏ ਦੀ, ਯਕੀਨ ਕਰ ਲੈਣ ਵਾਲੇ ਦੀ। ਗਤਿ-ਹਾਲਤ, ਅਵਸਥਾ। ਕਹੈ-ਦੱਸੇ, ਬਿਆਨ ਕਰੇ। ਮੰਨੇ ਕਾ ਵੀਚਾਰੁ-ਸ਼ਰਧਾ ਧਾਰਨ ਵਾਲੇ ਦੀ ਵਡਿਆਈ ਦੀ ਵੀਚਾਰ। ਬਹਿ ਕਰਨਿ-ਬੈਠ ਕੇ ਕਰਦੇ ਹਨ। ਐਸਾ-ਅਜਿਹਾ, ਇੱਡਾ ਉੱਚਾ। ਹੋਇ-ਹੈ। ਮੰਨਿ-ਸ਼ਰਧਾ ਧਾਰ ਕੇ, ਲਗਨ ਲਾ ਕੇ। ਮੰਨਿ ਜਾਣੈ-ਸ਼ਰਧਾ ਰੱਖ ਕੇ ਵੇਖੇ, ਮੰਨ ਕੇ ਵੇਖੇ। ਮਨਿ-ਮਨ ਵਿਚ। ਕਾਗਦਿ-ਕਾਗ਼ਜ਼ ਉੱਤੇ। ਕਲਮ-ਕਲਮ (ਨਾਲ)।

ਅਰਥ:- ਉਸ ਮਨੁੱਖ ਦੀ (ਉੱਚੀ) ਆਤਮਕ ਅਵਸਥਾ ਦੱਸੀ ਨਹੀਂ ਜਾ ਸਕਦੀ, ਜਿਸ ਨੇ (ਅਕਾਲ ਪੁਰਖ ਦੇ ਨਾਮ ਨੂੰ) ਮੰਨ ਲਿਆ ਹੈ, (ਭਾਵ, ਜਿਸ ਦੀ ਲਗਨ ਨਾਮ ਵਿਚ ਲੱਗ ਗਈ ਹੈ)। ਜੇ ਕੋਈ ਮਨੁੱਖ ਬਿਆਨ ਕਰੇ ਭੀ, ਤਾਂ ਉਹ ਪਿਛੋਂ ਪਛਤਾਉਂਦਾ ਹੈ (ਕਿ ਮੈਂ ਹੋਛਾ ਜਤਨ ਕੀਤਾ ਹੈ)। (ਮਨੁੱਖ) ਰਲ ਕੇ (ਨਾਮ ਵਿਚ) ਪਤੀਜੇ ਹੋਏ ਦੀ ਆਤਮਕ ਅਵਸਥਾ ਦਾ ਅੰਦਾਜ਼ਾ ਲਾਂਦੇ ਹਨ, ਪਰ ਕਾਗਜ਼ ਉੱਤੇ ਕਲਮ ਨਾਲ ਕੋਈ ਮਨੁੱਖ ਲਿਖਣ ਦੇ ਸਮਰੱਥ ਨਹੀਂ ਹੈ। ਅਕਾਲ ਪੁਰਖ ਦਾ ਨਾਮ ਬਹੁਤ (ਉੱਚਾ) ਹੈ ਤੇ ਮਾਇਆ ਦੇ ਪਰਭਾਵ ਤੋਂ ਪਰੇ ਹੈ, (ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿੱਚ ਆਉਂਦੀ ਹੈ) ਜੇ ਕੋਈ ਮਨੁੱਖ ਆਪਣੇ ਅੰਦਰ ਲਗਨ ਲਾ ਕੇ ਵੇਖੇ।12।

ਭਾਵ:- ਪ੍ਰਭੂ ਮਾਇਆ ਦੇ ਪਰਭਾਵ ਤੋਂ ਬੇਅੰਤ ਉੱਚਾ ਹੈ। ਉਸ ਦੇ ਨਾਮ ਵਿਚ ਸੁਰਤ ਜੋੜ ਜੋੜ ਕੇ ਜਿਸ ਮਨੁੱਖ ਦੇ ਮਨ ਵਿਚ ਉਸ ਦੀ ਲਗਨ ਲੱਗ ਜਾਂਦੀ ਹੈ, ਉਸ ਦੀ ਭੀ ਆਤਮਾ ਮਾਇਆ ਦੀ ਮਾਰ ਤੋਂ ਉਤਾਂਹ ਹੋ ਜਾਂਦੀ ਹੈ।

ਜਿਸ ਮਨੁੱਖ ਦੀ ਪ੍ਰਭੂ ਨਾਲ ਲਗਨ ਲੱਗ ਜਾਏ, ਉਸ ਦੀ ਆਤਮਕ ਉੱਚਤਾ ਨਾਹ ਕੋਈ ਬਿਆਨ ਕਰ ਸਕਦਾ ਹੈ ਨਾਹ ਕੋਈ ਲਿਖ ਸਕਦਾ ਹੈ।12।

**ਮੰਨੈ ਸੁਰਤਿ ਹੋਵੈ ਮਨਿ ਬੁਧਿ ॥ ਮੰਨੈ ਸਗਲ ਭਵਣ ਕੀ ਸੁਧਿ ॥ ਮੰਨੈ ਮੁਹਿ ਚੋਟਾ ਨਾ ਖਾਇ ॥ ਮੰਨੈ ਜਮ ਕੈ ਸਾਥਿ ਨ ਜਾਇ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੩॥**

ਪਦਅਰਥ:- ਮੰਨੈ-ਮੰਨਣ ਕਰਕੇ, ਜੇ ਮੰਨ ਲਈਏ, ਜੇ ਮਨ ਪਤੀਜ ਜਾਏ, ਜੇ ਪ੍ਰਭੂ ਦੇ ਨਾਮ ਵਿਚ ਲਗਨ ਲੱਗ ਜਾਏ। ਸੁਰਤਿ ਹੋਵੈ-(ਉੱਚੀ) ਸੁਰਤ ਹੋ ਜਾਂਦੀ ਹੈ। ਮਨਿ-ਮਨ ਵਿਚ। ਬੁਧਿ-ਜਾਗ੍ਰਤ। ਸੁਧਿ-ਖ਼ਬਰ, ਸੋਝੀ। ਮੁਹਿ-ਮੂੰਹ ਉੱਤੇ। ਚੋਟਾ-ਸੱਟਾਂ। ਜਮ ਕੈ ਸਾਥਿ-ਜਮਾਂ ਦੇ ਨਾਲ।13।

ਅਰਥ:- ਜੇ ਮਨੁੱਖ ਦੇ ਮਨ ਵਿਚ ਪ੍ਰਭੂ ਦੇ ਨਾਮ ਦੀ ਲਗਨ ਲੱਗ ਜਾਏ, ਤਾਂ ਉਸ ਦੀ ਸੁਰਤਿ ਉੱਚੀ ਹੋ ਜਾਂਦੀ ਹੈ, ਉਸ ਦੇ ਮਨ ਵਿਚ ਜਾਗ੍ਰਤ ਆ ਜਾਂਦੀ ਹੈ, (ਭਾਵ, ਮਾਇਆ ਵਿਚ ਸੁੱਤਾ ਮਨ ਜਾਗ ਪੈਂਦਾ ਹੈ) ਸਾਰੇ ਭਵਨਾਂ ਦੀ ਉਸ ਨੂੰ ਸੋਝੀ ਹੋ ਜਾਂਦੀ ਹੈ (ਕਿ ਹਰ ਥਾਂ ਪ੍ਰਭੂ ਵਿਆਪਕ ਹੈ) ਉਹ ਮਨੁੱਖ (ਸੰਸਾਰ ਦੇ ਵਿਕਾਰਾਂ ਦੀਆਂ) ਸੱਟਾਂ ਮੂੰਹ ਉੱਤੇ ਨਹੀਂ ਖਾਦਾ (ਭਾਵ, ਸੰਸਾਰਕ ਵਿਕਾਰ ਉਸ ਉੱਤੇ ਦਬਾ ਨਹੀਂ ਪਾ ਸਕਦੇ), ਅਤੇ ਜਮਾਂ ਨਾਲ ਉਸ ਨੂੰ ਵਾਹ ਨਹੀਂ ਪੈਂਦਾ (ਭਾਵ, ਉਹ ਜਨਮ ਮਰਨ ਦੇ ਗੇੜ ਵਿਚੋਂ ਬਚ ਜਾਂਦਾ ਹੈ)। ਅਕਾਲ ਪੁਰਖ ਦਾ ਨਾਮ, ਜੋ ਮਾਇਆ ਦੇ ਪਰਭਾਵ ਤੋਂ ਪਰੇ ਹੈ, ਇੱਡਾ (ਉੱਚਾ) ਹੈ (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ), ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰ ਲਏ।13।

ਭਾਵ:- ਪ੍ਰਭੂ-ਚਰਨਾਂ ਦੀ ਪ੍ਰੀਤ ਮਨੁੱਖ ਦੇ ਮਨ ਵਿਚ ਚਾਨਣ ਕਰ ਦੇਂਦੀ ਹੈ, ਸਾਰੇ ਸੰਸਾਰ ਵਿਚ ਉਸ ਨੂੰ ਪਰਮਾਤਮਾ ਹੀ ਦਿੱਸਦਾ ਹੈ। ਉਸ ਨੂੰ ਵਿਕਾਰਾਂ ਦੀਆਂ ਚੋਟਾਂ ਨਹੀਂ ਵੱਜਦੀਆਂ ਤੇ ਨਾ ਹੀ ਉਸ ਨੂੰ ਮੌਤ ਡਰਾ ਸਕਦੀ ਹੈ।13।

**ਮੰਨੈ ਮਾਰਗਿ ਠਾਕ ਨ ਪਾਇ ॥ ਮੰਨੈ ਪਤਿ ਸਿਉ ਪਰਗਟੁ ਜਾਇ ॥ ਮੰਨੈ ਮਗੁ ਨ ਚਲੈ ਪੰਥੁ ॥ ਮੰਨੈ ਧਰਮ ਸੇਤੀ ਸਨਬੰਧੁ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੪॥**

ਪਦਅਰਥ:- ਮਾਰਗਿ-ਮਾਰਗ ਵਿਚ, ਰਾਹ ਵਿਚ। ਠਾਕ-ਰੋਕ। ਠਾਕ ਨ ਪਾਇ-ਰੋਕ ਨਹੀਂ ਪੈਂਦੀ। ਪਤਿ ਸਿਉ-ਇੱਜ਼ਤ ਨਾਲ। ਪਰਗਟੁ-ਪਰਸਿੱਧ ਹੋ ਕੇ।

ਮਗੁ-ਮਾਰਗ, ਰਸਤਾ (ਸੰਸਕ੍ਰਿਤ 'mwgL' ਤੋਂ ਪ੍ਰਾਕ੍ਰਿਤ ਸ਼ਬਦ 'ਮੱਗ' ਹੈ)। ਪੰਥੁ-ਰਸਤਾ।

ਸੇਤੀ-ਨਾਲ। ਸਨਬੰਧੁ-ਸਾਕ, ਰਿਸ਼ਤਾ, ਜੋੜ।

ਅਰਥ:- ਜੇ ਮਨੁੱਖ ਦਾ ਮਨ ਨਾਮ ਵਿਚ ਪਤੀਜ ਜਾਏ ਤਾਂ ਜ਼ਿਦੰਗੀ ਦੇ ਸਫ਼ਰ ਵਿਚ ਵਿਚਾਰ ਆਦਿਕ ਦੀ ਕੋਈ ਰੋਕ ਨਹੀਂ ਪੈਂਦੀ, ਉਹ (ਸੰਸਾਰ ਵਿਚ) ਸ਼ੋਭਾ ਖੱਟ ਕੇ ਇੱਜ਼ਤ ਨਾਲ ਜਾਂਦਾ ਹੈ। ਉਸ ਮਨੁੱਖ ਦਾ ਧਰਮ ਨਾਲ (ਸਿੱਧਾ) ਜੋੜ ਬਣ ਜਾਂਦਾ ਹੈ, ਉਹ ਫਿਰ (ਦੁਨੀਆਂ ਦੇ ਵੱਖੋ-ਵੱਖਰੇ ਮਜ਼ਹਬਾਂ ਦੇ ਦੱਸੇ) ਰਸਤਿਆਂ 'ਤੇ ਨਹੀਂ ਤੁਰਦਾ (ਭਾਵ, ਉਸ ਦੇ ਅੰਦਰ ਇਹ ਵਿਖੇਪਤਾ ਨਹੀਂ ਰਹਿੰਦੀ ਕਿ ਇਹ ਰਸਤਾ ਚੰਗਾ ਹੈ ਤੇ ਇਹ ਮੰਦਾ ਹੈ)। ਅਕਾਲ ਪੁਰਖ ਦਾ ਨਾਮ ਜੋ ਮਾਇਆ ਦੇ ਪ੍ਰਭਾਵ ਤੋਂ ਪਰ੍ਹੇ ਹੈ, ਏਡਾ (ਉੱਚਾ) ਹੈ, (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ) ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰ ਲਏ।14।

ਭਾਵ:- ਯਾਦ ਦੀ ਬਰਕਤਿ ਨਾਲ ਜਿਉਂ ਜਿਉਂ ਮਨੁੱਖ ਦਾ ਪਿਆਰ ਪਰਮਾਤਮਾ ਨਾਲ ਬਣਦਾ ਹੈ, ਇਸ ਸਿਮਰਨ ਰੂਪ 'ਧਰਮ' ਨਾਲ ਉਸਦਾ ਇਤਨਾ ਡੂੰਘਾ ਸੰਬੰਧ ਬਣ ਜਾਂਦਾ ਹੈ ਕਿ ਕੋਈ ਰੁਕਾਵਟ ਉਸਨੂੰ ਇਸ ਸਹੀ ਨਿਸ਼ਾਨੇ ਤੋਂ ਉਖੇੜ ਨਹੀਂ ਸਕਦੀ। ਹੋਰ ਲਾਂਭ ਦੀਆਂ ਪਗ-ਡੰਡੀਆਂ ਉਸਨੂੰ ਕੁਰਾਹੇ ਨਹੀਂ ਪਾ ਸਕਦੀਆਂ।14।

**ਮੰਨੈ ਪਾਵਹਿ ਮੋਖੁ ਦੁਆਰੁ ॥ ਮੰਨੈ ਪਰਵਾਰੈ ਸਾਧਾਰੁ ॥ ਮੰਨੈ ਤਰੈ ਤਾਰੇ ਗੁਰੁ ਸਿਖ ॥ ਮੰਨੈ ਨਾਨਕ ਭਵਹਿ ਨ ਭਿਖ ॥ ਐਸਾ ਨਾਮੁ ਨਿਰੰਜਨੁ ਹੋਇ ॥ ਜੇ ਕੋ ਮੰਨਿ ਜਾਣੈ ਮਨਿ ਕੋਇ ॥੧੫॥**

ਪਦਅਰਥ:- ਪਾਵਹਿ-ਲੱਭ ਲੈਂਦੇ ਹਨ। ਮੋਖੁ ਦੁਆਰੁ-ਮੁਕਤੀ ਦਾ ਦਰਵਾਜ਼ਾ, 'ਕੂੜ' ਤੋਂ ਖ਼ਲਾਸੀ ਪਾਣ ਦਾ ਰਾਹ। ਪਰਵਾਰੈ-ਪਰਵਾਰ ਨੂੰ। ਸਾਧਾਰੁ-ਆਧਾਰ ਸਹਿਤ ਕਰਦਾ ਹੈ, (ਅਕਾਲ ਪੁਰਖ ਦੀ) ਟੇਕ ਦ੍ਰਿੜ੍ਹ ਕਰਾਉਂਦਾ ਹੈ। ਤਰੈ ਗੁਰੁ-ਗੁਰੂ ਆਪਿ ਤਰਦਾ ਹੈ। ਸਿਖ-ਸਿੱਖਾਂ ਨੂੰ।

ਤਾਰੇ ਸਿਖ-ਸਿੱਖਾਂ ਨੂੰ ਤਾਰਦਾ ਹੈ। ਭਵਹਿ ਨ-ਨਹੀਂ ਭੌਂਦੇ। ਭਵਹਿ ਨ ਭਿਖ-ਭਿੱਖਿਆ ਲਈ ਨਹੀਂ ਭੌਂਦੇ ਫਿਰਦੇ, ਲੋੜਾਂ ਦੀ ਖ਼ਾਤਰ ਦਰ-ਦਰ ਨਹੀਂ ਰੁਲਦੇ ਫਿਰਦੇ, ਧਿਰ ਧਿਰ ਦੀ ਮੁਥਾਜੀ ਨਹੀਂ ਕਰਦੇ ਫਿਰਦੇ।

ਅਰਥ:- ਜੇ ਮਨ ਵਿਚ ਪ੍ਰਭੂ ਦੇ ਨਾਮ ਦੀ ਲਗਨ ਲੱਗ ਜਾਏ, ਤਾਂ (ਮਨੁੱਖ) 'ਕੂੜ' ਤੋਂ ਖ਼ਲਾਸੀ ਪਾਣ ਦਾ ਰਾਹ ਲੱਭ ਲੈਂਦੇ ਹਨ। (ਇਹੋ ਜਿਹਾ ਮਨੁੱਖ) ਆਪਣੇ ਪਰਵਾਰ ਨੂੰ ਭੀ (ਅਕਾਲ ਪੁਰਖ ਦੀ) ਟੇਕ ਦ੍ਰਿੜ੍ਹ ਕਰਾਉਂਦਾ ਹੈ। ਨਾਮ ਵਿਚ ਮਨ ਪਤੀਜਣ ਕਰਕੇ ਹੀ, ਸਤਿਗੁਰੂ (ਭੀ ਆਪ ਸੰਸਾਰ-ਸਾਗਰ ਤੋਂ) ਪਾਰ ਲੰਘ ਜਾਂਦਾ ਹੈ ਤੇ ਸਿੱਖਾਂ ਨੂੰ ਪਾਰ ਲੰਘਾਉਂਦਾ ਹੈ। ਨਾਮ ਵਿਚ ਮਨ ਜੁੜਨ ਕਰ ਕੇ, ਹੇ ਨਾਨਕ! ਮਨੁੱਖ ਧਿਰ ਧਿਰ ਦੀ ਮੁਥਾਜੀ ਨਹੀਂ ਕਰਦੇ ਫਿਰਦੇ। ਅਕਾਲ ਪੁਰਖ ਦਾ ਨਾਮ, ਜੋ ਮਾਇਆ ਦੇ ਪਰਭਾਵ ਤੋਂ ਪਰੇ ਹੈ, ਏਡਾ (ਉੱਚਾ) ਹੈ (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ), ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰੇ।15।

ਭਾਵ:- ਇਸ ਲਗਨ ਦੀ ਬਰਕਤਿ ਨਾਲ ਉਹ ਸਾਰੇ ਬੰਧਨ ਟੁੱਟ ਜਾਂਦੇ ਹਨ ਜਿਨ੍ਹਾਂ ਨੇ ਪ੍ਰਭੂ ਨਾਲੋਂ ਵਿੱਥ ਪਾਈ ਹੋਈ ਸੀ। ਐਸੀ ਲਗਨ ਵਾਲਾ ਬੰਦਾ ਨਿਰਾ ਆਪ ਹੀ ਨਹੀਂ ਬਚਦਾ, ਆਪਣੇ ਪਰਵਾਰ ਦੇ ਜੀਆਂ ਨੂੰ ਭੀ ਖਸਮ ਪ੍ਰਭੂ ਦੇ ਲੜ ਲਾ ਲੈਂਦਾ ਹੈ। ਇਹ ਦਾਤ ਜਿਨ੍ਹਾਂ ਨੂੰ ਗੁਰੂ ਤੋਂ ਮਿਲਦੀ ਹੈ ਉਹ ਪ੍ਰਭੂ-ਦਰ ਤੋਂ ਖੁੰਝ ਕੇ ਹੋਰ ਪਾਸੇ ਨਹੀਂ

ਭਟਕਦੇ।15।

ਨੋਟ:- ਪਉੜੀ ਨੰ: 12 ਵਿਚ ਦੋ ਥਾਈਂ ਸ਼ਬਦ 'ਮੰਨੇ' ਹੈ, ਬਾਕੀ ਸਭ ਥਾਈਂ 'ਮੰਨੈ' ਆਇਆ ਹੈ। ਦੋਹਾਂ ਦੇ ਅਰਥਾਂ ਵਿਚ ਫ਼ਰਕ ਹੈ। ਪਹਿਲੀ ਤੁਕ ਹੈ; ਮੰਨੇ ਕੀ ਗਤਿ ਕਹੀ ਨ ਜਾਇ'। ਇਸੇ ਹੀ ਪਉੜੀ ਵਿਚ ਚੌਥੀ ਤੁਕ: 'ਮੰਨੇ ਕਾ ਬਹਿ ਕਰਨਿ ਵੀਚਾਰੁ' ਦਾ ਜ਼ਿਕਰ ਹੈ। ਸੋ 'ਮੰਨੇ' ਦਾ ਭਾਵ ਹੈ, 'ਮੰਨੇ ਹੋਏ ਮਨੁੱਖ ਦਾ'। ਬਾਕੀ ਸਭ ਥਾਈਂ 'ਮੰਨੈ' ਹੈ। ਜਿਵੇਂ ਪਹਿਲੀਆਂ ਚਾਰ ਪਉੜੀਆਂ ਵਿਚ 'ਸੁਣਿਐ' ਆਇਆ ਹੈ। 'ਸੁਣਿਐ' ਦਾ ਅਰਥ ਹੈ 'ਸੁਣਨ ਨਾਲ, ਜੇ ਸੁਣ ਲਈਏ'। ਤਿਵੇਂ 'ਮੰਨੈ' ਦਾ ਅਰਥ ਹੈ 'ਮੰਨ ਲੈਣ ਨਾਲ, ਜੇ ਮਨ ਪਤੀਜ ਜਾਏ'।